ਨੰ: 1/15/2010-ਰਸ1/ 542
ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜ਼ਰਵੇਸ਼ਨ ਸੈਲ)

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ,
ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਸਮੂਹ ਜਿਲ੍ਹਾ ਤੇ ਸੈਸ਼ਨ ਜੱਜ ਅਤੇ
ਸਮੂਹ ਉਪ ਮੰਡਲ ਅਫਸਰ (ਸਿਵਲ) ਅਤੇ
ਤਹਿਸੀਲਦਾਰ।

ਮਿਤੀ, ਚੰਡੀਗੜ੍ਹ 19/4/10

ਵਿਸ਼ਾ:- ਅਨੁਸੂਚਿਤ ਜਾਤੀਆਂ ਦੇ ਉਮੀਦਵਾਰਾਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਦੀ ਵਿਧੀ ਨੂੰ ਸਰਲ ਬਣਾਉਣ ਬਾਰੇ।

*****

ਸ੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਭਲਾਈ ਵਿਭਾਗ ਦੇ ਪੱਤਰ ਨੰ: 1/8/07- ਰਸ1/815, ਮਿਤੀ 10-7-2008 (ਕਾਪੀ ਨੱਥੀ ਹੈ) ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਦੇ ਧਿਆਨ ਵਿੱਚ ਆਇਆ ਹੈ ਕਿ ਅਨੁਸੂਚਿਤ ਜਾਤੀ ਦੇ ਜਾਅਲੀ ਸਰਟੀਫਿਕੇਟ ਜਾਰੀ ਹੋ ਰਹੇ ਹਨ ਅਤੇ ਅਜਿਹੇ ਜਾਅਲੀ ਸਰਟੀਫਿਕੇਟਾਂ ਦੀ ਵਰਤੋਂ ਸਰਕਾਰੀ ਨੌਕਰੀਆਂ/ਵਿਦਿਅਕ ਸੰਸਥਾਵਾਂ ਅਤੇ ਹੋਰ ਸਥਾਨਾਂ ਤੇ ਕੀਤੀ ਜਾ ਰਹੀ ਹੈ, ਜਿਸ ਕਾਰਨ ਅਨੁਸੂਚਿਤ ਜਾਤੀ ਦੇ ਯੋਗ ਉਮੀਦਵਾਰ ਸਰਕਾਰ ਦੀ ਰਾਖਵੇਂਕਰਨ ਦੀ ਨੀਤੀ ਦੇ ਲਾਭ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਲਈ, ਮੈਨੂੰ ਇਹ ਵੀ ਕਹਿਣ ਦੀ ਹਦਾਇਤ ਹੋਈ ਹੈ ਕਿ ਕਿਸੇ ਵੀ ਉਮੀਦਵਾਰ ਨੂੰ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਜਾਰੀ ਕਰਨ ਤੋਂ ਪਹਿਲਾਂ ਇਹ ਯਕੀਨੀ ਬਣਾਇਆ ਜਾਵੇ ਕਿ ਬਿਨੈਕਾਰ/ਉਮੀਦਵਾਰ ਅਸਲ ਵਿੱਚ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦਾ ਹੈ। ਇਥੇ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਗਲਤ ਬਿਨੈਕਾਰ ਨੂੰ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ ਤਾਂ ਉਸ ਦੀ ਨਿਰੋਲ ਜ਼ਿੰਮੇਵਾਰੀ ਅਜਿਹਾ ਸਰਟੀਫਿਕੇਟ ਜਾਰੀ ਕਰਨ ਵਾਲੇ ਅਧਿਕਾਰੀ ਦੀ ਹੋਵੇਗੀ।

2. ਉਕਤ ਹਦਾਇਤਾਂ ਆਪਣੇ ਅਧੀਨ ਸਮੂਹ ਸਬੰਧਤ ਅਧਿਕਾਰੀਆਂ/ਕਰਮਚਾਰੀਆਂ ਦੇ ਧਿਆਨ ਵਿੱਚ ਲਿਆਉਂਦੇ ਹੋਏ ਇਹਨਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

3. ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।

ਸੰਯੁਕਤ ਸਕੱਤਰ ਭਲਾਈ

ਇਸ ਦਾ ਇੱਕ ਉਤਾਰਾ ਰਾਜ ਦੇ ਸਮੂਹ ਵਿੱਤੀ ਕਮਿਸ਼ਨਰਾਂ, ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ

ਰਾਜ ਦੇ ਸਮੂਹ ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰਾਂ ਅਤੇ
ਪ੍ਰਬੰਧਕੀ ਸਕੱਤਰ।

ਅੰ:ਵਿ:ਪੱ:ਨੰ: 1/15/2010-ਰਸ1/ 543 ਮਿਤੀ,ਚੰਡੀਗੜ੍ਹ 19/4/10
ਪਿੱ:ਅ:ਨੰ: 1/15/2010-ਰਸ1/ 544 ਮਿਤੀ,ਚੰਡੀਗੜ੍ਹ 19/4/10

ਉਤਾਰਾ ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪਛੜੀਆਂ ਸ੍ਰੇਣੀਆਂ ਭਲਾਈ ਵਿਭਾਗ, ਪੰਜਾਬ, ਸੈਕਟਰ-34ਏ, ਚੰਡੀਗੜ੍ਹ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਨੰ:1/8/2007-ਰਸ-1/ 815

ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜ਼ਰਵੇਸ਼ਨ ਸੈਲ )

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ;
ਸਮੂਹ ਜ਼ਿਲਿਆਂ ਦੇ ਡਿਪਟੀ ਕਮਿਸ਼ਨਰ;
ਸਮੂਹ ਉਪ ਮੰਡਲ ਮੈਜਿਸਟਰੇਟ(ਸਿਵਲ), ਅਤੇ
ਤਹਿਸੀਲਦਾਰ ।

ਮਿਤੀ, ਚੰਡੀਗੜ੍ਹ 10 ਜੁਲਾਈ, 2008.

ਵਿਸ਼ਾ: ਅਨੁਸੂਚਿਤ ਜਾਤੀਆਂ ਦੇ ਉਮੀਦਵਾਰਾਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਦੀ ਵਿਧੀ ਨੂੰ ਸਰਲ ਬਣਾਉਣ ਬਾਰੇ ।

*****

ਸ੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ:1/41/96-ਰਸ-1/ 370, ਮਿਤੀ 25.4.2001 ਵੱਲ ਦਿਵਾਉਂਦੇ ਹੋਏ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਅਕਤੀਆਂ ਨੂੰ ਜਾਤੀ ਸਰਟੀਫਿਕੇਟ ਪ੍ਰਾਪਤ ਕਰਨ ਵਿਚ ਅਜੇ ਵੀ ਬਹੁਤ ਸਾਰੀਆਂ ਔਕੜਾਂ ਪੇਸ਼ ਆਉਣ ਬਾਰੇ ਮਾਮਲਾ ਸਰਕਾਰ ਦੇ ਧਿਆਨ ਵਿਚ ਆਇਆ ਹੈ। ਅਨੁਸੂਚਿਤ ਜਾਤੀ ਨਾਲ ਸਬੰਧਤ ਵਿਅਕਤੀਆਂ ਨੂੰ ਜਾਤੀ ਸਰਟੀਫਿਕੇਟ ਬਨਾਉਣ ਲਈ ਪਟਵਾਰੀਆਂ, ਤਹਿਸੀਲਦਾਰਾਂ ਅਤੇ ਉਪ ਮੰਡਲ ਮੈਜਿਸਟਰੇਟ(ਸਿਵਲ) ਦੇ ਦਫਤਰਾਂ ਵਿਖੇ ਕਈ-ਕਈ ਗੇੜੇ ਮਾਰਨੇ ਪੈਂਦੇ ਹਨ। ਅਜਿਹਾ ਹੋਣ ਨਾਲ ਜਿੱਥੇ ਉਹਨਾਂ ਦਾ ਕੀਮਤੀ ਸਮਾਂ ਨਸ਼ਟ ਹੁੰਦਾ ਹੈ, ਉਥੇ ਨਾਲ ਹੀ ਉਹਨਾਂ ਨੂੰ ਵਿੱਤੀ ਨੁਕਸਾਨ ਵੀ ਉਠਾਉਣਾ ਪੈਂਦਾ ਹੈ ਜੋ ਕਿ ਕਈ ਵਾਰ ਗਰੀਬ ਆਦਮੀ ਦੀ ਪਹੁੰਚ ਤੋਂ ਬਾਹਰ ਹੁੰਦਾ ਹੈ। ਅਨੁਸੂਚਿਤ ਜਾਤੀ ਸਰਟੀਫਿਕੇ ਟ ਜਾਰੀ ਕਰਨ ਦੀ ਮੌਜੂਦਾ ਵਿਧੀ ਨੂੰ ਸਰਲ ਬਨਾਉਣ ਬਾਰੇ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਹੈ ਕਿ:-

1\. 1. ਪੇਂਡੂ ਇਲਾਕਿਆਂ ਦੇ ਅਨੁਸੂਚਿਤ ਜਾਤੀ ਦੇ ਪ੍ਰਾਰਥੀਆਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਲਈ :-

ੳ) ਪ੍ਰਾਰਥੀ ਵੱਲੋਂ ਆਪਣੀ ਪ੍ਰਤੀਬੇਨਤੀ ਪਿੰਡ ਦੇ ਸਰਪੰਚ ਜਾਂ ਨੰਬਰਦਾਰ ਤੋਂ ਤਸਦੀਕ ਕਰਾਉਣ ਉਪਰੰਤ ਹਲਕਾ ਪਟਵਾਰੀ ਨੂੰ ਪੇਸ਼ ਕੀਤੀ ਜਾਵੇਗੀ;

ਅ) ਹਲਕਾ ਪਟਵਾਰੀ ਵੱਲੋਂ ਪ੍ਰਤੀਬੇਨਤੀ ਵਿਚ ਦਰਜ ਤੱਥ ਦੋ ਦਿਨਾਂ ਦੇ ਅੰਦਰ ਅੰਦਰ ਵੈਰੀਫਾਈ ਕਰਨ ਉਪਰੰਤ ਇਹ ਸਬੰਧਤ ਤਹਿਸੀਲਦਾਰ/ ਉਪ ਮੰਡਲ ਮੈਜਿਸਟਰੇਟ(ਸ) ਨੂੰ ਪੇਸ਼ ਕੀਤੀ ਜਾਵੇਗੀ;

ੲ) ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਕਰਨ ਵਾਲੀ ਅਥਾਰਟੀ ਲਈ ਪ੍ਰਤੀਬੇਨਤੀ ਪ੍ਰਾਪਤ ਹੋਣ ਤੋਂ ਪੰਜ(5) ਦਿਨਾਂ ਦੇ ਅੰਦਰ ਅੰਦਰ ਪ੍ਰਾਰਥੀ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨਾ ਜ਼ਰੂਰੀ ਹੋਵੇਗਾ।

2\. ਸ਼ਹਿਰੀ ਖੇਤਰਾਂ ਦੇ ਅਨੁਸੂਚਿਤ ਜਾਤੀ ਦੇ ਪ੍ਰਾਰਥੀਆਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਲਈ :-

ੳ) ਪ੍ਰਾਰਥੀ ਵੱਲੋਂ ਆਪਣੀ ਪ੍ਰਤੀਬੇਨਤੀ ਵਾਰਡ ਦੇ ਮਿਊਸਪਲ ਕੌਂਸਲਰ ਤੋਂ ਤਸਦੀਕ ਕਰਾਉਣ ਉਪਰੰਤ ਇਹ ਸਬੰਧਤ ਹਲਕਾ ਪਟਵਾਰੀ ਨੂੰ ਪੇਸ਼

...... 2,

ਕੀਤੀ ਜਾਵੇਗੀ ;

ਅ) ਹਲਕਾ ਪਟਵਾਰੀ ਵੱਲੋਂ ਪ੍ਰਤੀਬੇਨਤੀ ਵਿਚ ਦਰਜ ਤੱਥ ਦੋ ਦਿਨਾਂ ਦੇ ਅੰਦਰ ਅੰਦਰ ਵੈਰੀਫਾਈ ਕਰਨ ਉਪਰੰਤ ਇਹ ਸਬੰਧਤ ਤਹਿਸੀਲਦਾਰ/ਉਪ ਮੰਡਲ ਮੈਜਿਸਟਰੇਟ(ਸ)ਨੂੰ ਪੇਸ਼ ਕੀਤੀ ਜਾਵੇਗੀ;

ੲ) ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਕਰਨ ਵਾਲੀ ਅਥਾਰਟੀ (ਤਹਿਸੀਲਦਾਰ/ਉਪ ਮੰਡਲ ਮੈਜਿਸਟਰੇਟ(ਸ) ਲਈ ਪ੍ਰਤੀਬੇਨਤੀ ਪ੍ਰਾਪਤ ਹੋਣ ਤੋਂ ਪੰਜ(5) ਦਿਨਾਂ ਦੇ ਅੰਦਰ ਅੰਦਰ ਪ੍ਰਾਰਥੀ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨਾ ਜ਼ਰੂਰੀ ਹੋਵੇਗਾ।

3. ਅਨੁਸੂਚਿਤ ਜਾਤੀ ਨਾਲ ਸਬੰਧਤ ਜਿਹਨਾਂ ਪ੍ਰਾਰਥੀਆਂ ਦੇ ਮਾਤਾ-ਪਿਤਾ ਚੰਡੀਗੜ੍ਹ/ਮੋਹਾਲੀ ਵਿਖੇ ਸਰਵਿਸ ਕਰਦੇ ਹਨ ਜਾਂ ਰਹਿੰਦੇ ਹਨ,ਉਹਨਾਂ ਦੇ ਮਾਤਾ-ਪਿਤਾ ਦੇ ਸਰਵਿਸ ਰਿਕਾਰਡ ਦੇ ਅਧਾਰ ਤੇ ਉਹਨਾਂ ਦੇ ਵਿਭਾਗ ਦੇ ਮੁੱਖੀ ਜਾਂ ਦਫਤਰ ਦੇ ਮੁੱਖੀ ਪ੍ਰਾਰਥੀ ਨੂੰ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਜਾਰੀ ਕਰਨ ਲਈ ਸਮਰੱਥ ਅਧਿਕਾਰੀ ਹੋਣਗੇ ।

2. ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਹਦਾਇਤਾਂ ਆਪਣੇ ਅਧੀਨ ਸਮੂਹ ਸਬੰਧਤ ਕਰਮਚਾਰੀਆਂ/ਅਧਿਕਾਰੀਆਂ ਦੇ ਧਿਆਨ ਵਿਚ ਲਿਆਉਂਦੇ ਹੋਏ ਇਹਨਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਅਧੀਨ ਸਕੱਤਰ ਭਲਾਈ ।

ਇਸ ਦਾ ਇਕ ਉਤਾਰਾ ਰਾਜ ਦੇ ਸਮੂਹ ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ ਅਤੇ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ।

ਅਧੀਨ ਸਕੱਤਰ ਭਲਾਈ ।

ਸੇਵਾ ਵਿਖੇ

ਰਾਜ ਦੇ ਸਮੂਹ ਵਿੱਤੀ ਕਮਿਸ਼ਨਰ,ਪ੍ਰਮੁੱਖ ਸਕੱਤਰ
ਅਤੇ ਪ੍ਰਬੰਧਕੀ ਸਕੱਤਰ ।

ਅੰ:ਵਿ:ਪੰ:ਨੰ:1/8/2007-ਰਸ-1/816 ਮਿਤੀ,ਚੰਡੀਗੜ੍ਹ 10.7.2008.

ਉਤਾਰਾ ਪ੍ਰਮੁੱਖ ਸਕੱਤਰ/ਮੁੱਖ ਮੰਤਰੀ,ਪੰਜਾਬ ਜੀ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ।

ਅਧੀਨ ਸਕੱਤਰ ਭਲਾਈ ।

ਸੇਵਾ ਵਿਖੇ

ਪ੍ਰਮੁੱਖ ਸਕੱਤਰ/ਮੁੱਖ ਮੰਤਰੀ,
ਪੰਜਾਬ।

ਅੰ:ਵਿ:ਪੰ:ਨੰ:1/8/2007-ਰਸ-1/817 ਮਿਤੀ,ਚੰਡੀਗੜ੍ਹ 10.7.2008.